# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 08-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇੱਕ ਵਿਕਸਤ ਭਾਰਤ ਵੱਲ ਯਾਤਰਾ ਵਿੱਚ ਔਰਤਾਂ ਵਲੋਂ ਨਿਭਾਈ ਗਈ ਪਰਿਵਰਤਨਸ਼ੀਲ ਭੂਮਿਕਾ ‘ਤੇ ਚਾਨਣਾ ਪਾਉਂਦਿਆਂ, ਪਿਛਲੇ 11 ਸਾਲਾਂ ਵਿੱਚ ਔਰਤਾਂ ਦੀ ਅਗਵਾਈ ਵਾਲੇ ਵਿਕਾਸ 'ਤੇ ਸਰਕਾਰ ਵਲੋਂ ਦਿੱਤੇ ਜਾ ਰਹੇ ਧਿਆਨ ‘ਤੇ ਜ਼ੋਰ ਦਿੱਤਾ. ਜਿਵੇਂ ਕਿ ਕੇਂਦਰ ਵਿੱਚ NDA ਸਰਕਾਰ ਦੇ 11 ਸਾਲ ਪੂਰੇ ਹੋ ਰਹੇ ਨੇ, ਸ਼੍ਰੀ ਮੋਦੀ ਨੇ ਮੁੜ ਦੁਹਰਾਇਆ ਕਿ ਗਿਆਨ, ਸਿੱਖਿਆ, ਖੇਡਾਂ, ਸਟਾਰਟਅੱਪਸ ਅਤੇ ਹਥਿਆਰਬੰਦ ਬਲਾਂ ਸਮੇਤ ਸਾਰੇ ਖੇਤਰਾਂ ਵਿੱਚ, ਔਰਤਾਂ ਉੱਤਮਤਾ ਪ੍ਰਾਪਤ ਕਰ ਰਹੀਆਂ ਨੇ ਅਤੇ ਕਈ ਲੋਕਾਂ ਨੂੰ ਪ੍ਰੇਰਿਤ ਕਰ ਰਹੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਐਨਡੀਏ ਸਰਕਾਰ ਨੇ ਪ੍ਰਭਾਵਸ਼ਾਲੀ ਪਹਿਲਕਦਮੀਆਂ ਦੀ ਇੱਕ ਲੜੀ ਰਾਹੀਂ ਔਰਤਾਂ ਦੀ ਅਗਵਾਈ ਵਾਲੇ ਵਿਕਾਸ ਨੂੰ ਮੁੜ ਪਰਿਭਾਸ਼ਿਤ ਕੀਤਾ ਏ। ਇਨ੍ਹਾਂ ਵਿੱਚ ਸਵੱਛ ਭਾਰਤ ਅਭਿਆਨ ਰਾਹੀਂ ਗਰਿਮਾ ਨੂੰ ਯਕੀਨੀ ਬਣਾਉਣਾ, ਜਨ ਧਨ ਖਾਤਿਆਂ ਰਾਹੀਂ ਮਾਲੀ ਸਮਾਵੇਸ਼ ਅਤੇ ਜ਼ਮੀਨੀ ਪੱਧਰ 'ਤੇ ਸ਼ਕਤੀਕਰਨ ਸ਼ਾਮਲ ਨੇ. ਉਨ੍ਹਾਂ ਨੇ ਉੱਜਵਲਾ ਯੋਜਨਾ ਨੂੰ ਇੱਕ

ਮੀਲ ਪੱਥਰ ਵਜੋਂ ਦੱਸਿਆ ਜਿਸਨੇ ਕਈ ਘਰਾਂ ਵਿੱਚ ਧੂੰਆਂ-ਮੁਕਤ ਰਸੋਈਆਂ ਲਿਆਂਦੀਆਂ। ਸ਼੍ਰੀ ਮੋਦੀ ਨੇ ਇਹ ਵੀ ਦੱਸਿਆ ਕਿ ਕਿਵੇਂ ਮੁਦਰਾ ਕਰਜ਼ਿਆਂ ਨੇ ਲੱਖਾਂ ਔਰਤਾਂ ਨੂੰ ਉੱਦਮੀ ਬਣਨ ਅਤੇ ਆਪਣੇ ਸੁਪਨਿਆਂ ਨੂੰ ਅਜ਼ਾਦਾਨਾ ਤਰੀਕੇ ਨਾਲ ਪੂਰਾ ਕਰਨ ਦੇ ਯੋਗ ਬਣਾਇਆ ਏ । ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਔਰਤਾਂ ਦੇ ਨਾਵਾਂ 'ਤੇ ਘਰ ਹੋਣ ਦੀ ਵਿਵਸਥਾ ਨੇ ਉਨ੍ਹਾਂ ਦੀ ਸੁਰੱਖਿਆ ਅਤੇ ਸ਼ਕਤੀਕਰਨ ਦੀ ਭਾਵਨਾ 'ਤੇ ਇੱਕ ਮਹੱਤਵਪੂਰਨ ਪ੍ਰਭਾਵ ਪਾਇਆ ਏ । ਪ੍ਰਧਾਨ ਮੰਤਰੀ ਨੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਨੂੰ ਵੀ ਯਾਦ ਕੀਤਾ, ਜਿਸ ਨੂੰ ਉਨ੍ਹਾਂ ਨੇ ਬੱਚੀਆਂ ਦੀ ਸੁਰੱਖਿਆ ਲਈ ਇੱਕ ਰਾਸ਼ਟਰੀ ਮੁਹਿੰਮ ਦੱਸਿਆ।

---

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਵਿੱਚ ਚਲ ਰਹੇ ਵਿਕਾਸ ਪ੍ਰੋਜੈਕਟਾਂ, ਮਾਲੀਆ ਪੈਦਾ ਕਰਨ ਅਤੇ ਖਰਚ ਦੇ ਪ੍ਰਬੰਧ ਦੀ ਪ੍ਰਗਤੀ ਦਾ ਮੁਲੰਕਣ ਕਰਨ ਲਈ ਮਾਲੀ ਵਿਭਾਗ ਦੀ ਇੱਕ ਸਮੀਖਿਆ ਮੀਟਿੰਗ ਹੋਈ। ਮੀਟਿੰਗ ਵਿੱਚ ਸਰਕਾਰੀ ਮੁਲਾਜ਼ਮਾਂ ਦੀਆਂ ਰਿਹਾਇਸ਼ੀ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਉਦੇਸ਼ ਨਾਲ ਬੁਨਿਆਦੀ ਢਾਂਚੇ ਦੀਆਂ ਪਹਿਲਕਦਮੀਆਂ 'ਤੇ ਵਿਸਥਾਰਪੂਰਨ ਚਰਚਾ ਕੀਤੀ ਗਈ।

ਮੀਟਿੰਗ ਦੌਰਾਨ, ਖਜ਼ਾਨਾ ਸਕੱਤਰ ਨੇ ਦੱਸਿਆ ਏ ਕਿ ਖਜ਼ਾਨਾ ਮੰਤਰਾਲੇ ਨੇ ਮਾਸਿਕ ਮਾਲੀਆ ਪ੍ਰਾਪਤੀਆਂ ਅਤੇ ਖਰਚਿਆਂ ਲਈ ਵਿਸ਼ੇਹ ਟੀਚੇ ਤੈਅ ਕੀਤੇ ਨੇ। ਸਿੱਟੇ ਵਜੋਂ, ਸਾਰੇ ਵਿਭਾਗਾਂ ਨੂੰ ਖਜ਼ਾਨਾ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ ਇਨ੍ਹਾਂ ਟੀਚਿਆਂ ਨੂੰ ਪ੍ਰਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਪ੍ਰਸ਼ਾਸਕ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਮੁਲਾਜ਼ਮਾਂ ਲਈ ਉਪਲਬਧ ਮੌਜੂਦਾ ਸਰਕਾਰੀ ਰਿਹਾਇਸ਼ਾਂ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਨੇ ਰਿਹਾਇਸ਼ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ, ਨਵੀਆਂ ਰਿਹਾਇਸ਼ੀ ਯੂਨਿਟਾਂ ਦੇ ਤੇਜ਼ੀ ਨਾਲ ਨਿਰਮਾਣ ਦੀ ਜ਼ਰੂਰਤ ਨੂੰ ਦੁਹਰਾਇਆ। ਰਾਜਪਾਲ ਨੇ ਸਿੱਖਿਆ ਅਤੇ ਸਿਹਤ ਸੇਵਾ ਦੇ ਖੇਤਰਾਂ ਵਿੱਚ, ਵੱਖ-ਵੱਖ ਪ੍ਰੋਜੈਕਟਾਂ ਅਤੇ ਚੰਡੀਗੜ੍ਹ ਦੇ ਪੰਜਾਬ Engineering ਕਾਲਜ ਨਾਲ ਸੰਬੰਧਤ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ।

---

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦੋ ਮੁੱਖ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਉਨ੍ਹਾਂ ਦੇ ਕਬਜ਼ੇ ਵਿੱਚੋਂ, 6 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਏ। ਇੱਕ ਹੋਰ ਮੁਲਜ਼ਮ ਇਸ ਵੇਲੇ ਫਰਾਰ ਏ ਅਤੇ ਉਸਦੀ ਸਰਗਰਮੀ ਨਾਲ ਭਾਲ ਕੀਤੀ ਜਾ ਰਹੀ ਏ। ਪੰਜਾਬ ਪੁਲਿਸ ਦੇ ਹਲਕਿਆਂ ਨੇ ਦੱਸਿਆ ਏ ਕਿ ਖਾਸ ਖੁਫੀਆ ਸੂਹ 'ਤੇ

ਕਾਰਵਾਈ ਕਰਦਿਆਂ, ਇੱਕ ਪੁਲਿਸ ਟੀਮ ਨੇ ਪਿੰਡ Bhakna ਨੇੜੇ Gurditta ਉਰਫ਼ ਕਾਲੂ ਅਤੇ ਕੈਪਟਨ ਨੂੰ ਉਸ ਸਮੇਂ ਰੋਕਿਆ, ਜਦੋਂ ਉਹ ਇੱਕ ਮੋਟਰਸਾਈਕਲ 'ਤੇ ਹੈਰੋਇਨ ਦੀ ਖੇਪ ਲਿਜਾ ਰਹੇ ਸਨ। ਇਹ ਖੇਪ ਪਾਕਿਸਤਾਨ ਸਥਿਤ ਹੈਂਡਲਰਾਂ ਵਲੋਂ ਪੰਜਾਬ ਵਿੱਚ ਅੱਗੇ ਵੰਡਣ ਲਈ ਭੇਜੀ ਗਈ ਸੀ। ਇੱਕ ਮਾਮਲਾ ਦਰਜ ਕਰ ਲਿਆ ਗਿਆ ਏ ਅਤੇ ਅਗਲੇਰੀ ਜਾਂਚ ਜਾਰੀ ਏ।

---------------------------------------------------------------------

ਰਾਸ਼ਟਰੀ ਜਾਂਚ ਏਜੰਸੀ-NIA ਨੇ 2024 ਵਿੱਚ ਹਰਿਆਣਾ ਦੇ ਗੁਰੂਗ੍ਰਾਮ ਵਿੱਚ ਦੋ ਕਲੱਬਾਂ 'ਤੇ ਹੋਏ ਬੰਬ ਹਮਲਿਆਂ ਨਾਲ ਸਬੰਧਤ ਇੱਕ ਮਾਮਲੇ ਵਿੱਚ, ਦਹਿਸ਼ਤਗਰਦ ਗੋਲਡੀ ਬਰਾੜ ਸਮੇਤ ਪੰਜ ਮੁਲਜ਼ਮਾਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਏ। NIA ਨੇ ਕੈਨੇਡਾ ਸਥਿਤ ਗੋਲਡੀ ਬਰਾੜ ਦੇ ਨਾਲ-ਨਾਲ ਸਚਿਨ ਤਲੀਅਨ, ਅੰਕਿਤ, ਭਾਵਿਸ਼ ਅਤੇ ਅਮਰੀਕਾ ਅਧਾਰਤ ਰਣਦੀਪ ਸਿੰਘ 'ਤੇ BNS, ਅਸਲਾ ਕਾਨੂੰਨ, ਧਮਾਕਾਖੇਜ਼ ਪਦਾਰਥਾਂ ਬਾਰੇ ਕਾਨੂੰਨ ਅਤੇ UAPA ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ ਆਇਦ ਕੀਤੇ ਨੇ। ਗੋਲਡੀ ਬਰਾੜ ਅਤੇ ਰਣਦੀਪ ਮਲਿਕ ਨੂੰ ਛੱਡ ਕੇ ਬਾਕੀ ਸਾਰਿਆਂ ਨੂੰ ਇਸ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ ਏ। NIA ਦੇ ਹਲਕਿਆਂ ਨੇ ਕਿਹਾ ਏ ਕਿ ਗੁਰੂਗ੍ਰਾਮ ਵਿੱਚ, ਵੇਅਰਹਾਊਸ ਕਲੱਬ ਅਤੇ ਹਿਊਮਨ ਕਲੱਬ 'ਤੇ ਬੰਬ ਹਮਲੇ, ਪਾਬੰਦੀਸ਼ੁਦਾ ਬੱਬਰ

ਖਾਲਸਾ ਇੰਟਰਨੈਸ਼ਨਲ-BKI ਵਲੋਂ ਹਿੰਸਾ ਫੈਲਾ ਕੇ ਹਰਿਆਣਾ ਅਤੇ ਗੁਆਂਢੀ ਇਲਾਕਿਆਂ ਵਿੱਚ ਫਿਰਕੂ ਨਫ਼ਰਤ ਫੈਲਾਉਣ ਅਤੇ ਸ਼ਾਂਤੀ ਭੰਗ ਕਰਨ ਦੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸਨ। NIA ਦੀ ਜਾਂਚ ਮੁਤਾਬਕ, ਦਹਿਸ਼ਤਗਰਦ ਸਿੰਡੀਕੇਟ ਵੱਖ-ਵੱਖ ਅਪਰਾਧਿਕ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਏ, ਜਿਨ੍ਹਾਂ ਵਿੱਚ ਦਹਿਸ਼ਤਗਰਦੀ ਲਈ ਫੰਡ ਇਕੱਠਾ ਕਰਨਾ, ਹਥਿਆਰ ਤੇ ਗੋਲਾ ਬਾਰੂਦ ਖਰੀਦਣਾ ਅਤੇ ਦੇਸ਼ ਦੀ ਅਖੰਡਤਾ, ਸੁਰੱਖਿਆ ਅਤੇ ਪ੍ਰਭੂਸੱਤਾ ਨੂੰ ਖ਼ਤਰਾ ਪੈਦਾ ਕਰਨ ਦੇ ਇਰਾਦੇ ਨਾਲ, ਆਮ ਲੋਕਾਂ ਵਿੱਚ ਦਹਿਸ਼ਤ ਫੈਲਾਉਣਾ ਸ਼ਾਮਲ ਏ।

-------------------------------------------------------------------------

ਜਲੰਧਰ ਵਿੱਚ, ਭਗਤ ਕਬੀਰ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਇਸ ਸਬੰਧੀ ਵੱਖ-ਵੱਖ ਜਥੇਬੰਦੀਆਂ ਵੱਲੋਂ ਕੱਢੀ ਜਾ ਰਹੀ ਸ਼ੋਭਾ ਯਾਤਰਾ ਦੌਰਾਨ, ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਧਾਰਮਿਕ ਭਾਵਨਾਵਾਂ ਦੇ ਮੱਦੇਨਜ਼ਰ, ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵੱਲੋਂ ਆਂਡੇ, ਮੀਟ ਅਤੇ ਸ਼ਰਾਬ ਦੀ ਵਿਕਰੀ ’ਤੇ ਪਾਬੰਦੀ ਲਾਈ ਗਈ ਏ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਸਰਕਾਰੀ ਤੌਰ 'ਤੇ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ, 10 ਜੂਨ ਨੂੰ ਸ਼ੁਰੂ ਹੋਣ ਵਾਲੀਆਂ ਸ਼ੋਭਾ ਯਾਤਰਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਨਿਰਦੇਸ਼ ਜਾਰੀ ਕੀਤੇ ਗਏ ਨੇ। ਸ਼ੋਭਾ

ਯਾਤਰਾ ਲੰਘਣ ਵਾਲੇ ਰਸਤਿਆਂ ਅਤੇ ਭਗਤ ਕਬੀਰ ਜੀ ਦੇ ਮੰਦਿਰ ਦੇ ਆਲੇ-ਦੁਆਲੇ ਆਂਡੇ, ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਾ ਦਿੱਤੀ ਗਈ ਏ।

---------------------------------------------------------------------------

ਮੌਸਮ ਵਿਭਾਗ ਨੇ  ਅਗਲੇ 5 ਤੋਂ 6 ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਮੌਸਮ ਖੁਸ਼ਕ ਰਹਿਣ ਦੀ ਪੇਸ਼ੀਨਗੋਈ ਕੀਤੀ ਏ. ਅਗਲੇ 3 ਦਿਨਾਂ ਦੌਰਾਨ ਵੱਧ ਤੋਂ ਵੱਧ ਤਾਪਮਾਨ 'ਚ 3 ਤੋਂ 4 ਡਿਗਰੀ ਸੈਲਸੀਅਸ ਦਾ ਵਾਧਾ ਹੋ ਸਕਦਾ ਏ.  9 ਤੋਂ 11 ਜੂਨ ਦੌਰਾਨ, ਵੱਧ ਤੋਂ ਵੱਧ ਤਾਪਮਾਨ 43 - 45 ਡਿਗਰੀ ਸੈਲਸੀਅਸ ਤੱਕ ਪਹੁੰਚਣ ਦੀ ਸੰਭਾਵਨਾ ਏ ਜਿਸ ਨਾਲ ਲੂਅ ਚਲ ਸਕਦੀ ਏ। ਮੌਸਮ ਵਿਭਾਗ ਨੇ ਇਸ ਸਮੇਂ ਦੌਰਾਨ ਧੁੱਪ ਤੇ ਗਰਮੀ ਤੋਂ ਬਚਣ, ਹਲਕੇ ਰੰਗ ਦੇ ਢਿੱਲੇ ਸੂਤੀ ਕਪੜੇ ਪਾਉਣ ਅਤੇ ਉਚਿਤ ਮਾਤਰਾ 'ਚ ਪਾਣੀ ਪੀਂਦੇ ਰਹਿਣ ਦੀ ਸਲਾਹ ਦਿੱਤੀ ਏ.